# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

## ਮਿਤੀ :05-06-2026

ਅੱਜ ਵਿਸ਼ਵ ਵਾਤਾਵਰਣ ਦਿਵਸ ਏ। ਇਹ ਦਿਨ 1973 ਤੋਂ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ ਤਹਿਤ ਧਰਤੀ 'ਤੇ ਜੀਵਨ ਬਚਾਉਣ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਹਰ ਸਾਲ 5 ਜੂਨ ਨੂੰ ਮਨਾਇਆ ਜਾਂਦਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਉਪ ਰਾਸ਼ਟਰਪਤੀ ਸ੍ਰੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਹਰੇਕ ਨਾਗਰਿਕ ਨੂੰ ਆਉਣ ਵਾਲੀਆਂ ਪੀੜ੍ਹੀਆਂ ਲਈ ਸਵੱਛ, ਸਿਹਤਮੰਦ ਅਤੇ ਖੁਸ਼ਹਾਲ ਭਵਿੱਖ ਬਣਾਉਣ ਲਈ ਇਕੱਠੇ ਕੰਮ ਕਰਨ ਦਾ ਸੱਦਾ ਦਿੱਤਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਵਿਸ਼ਵ ਵਾਤਾਵਰਣ ਦਿਵਸ 'ਤੇ ਰਾਸ਼ਟਰ ਨੂੰ ਵਧਾਈ ਦਿੱਤੀ ਏ। ਉਨ੍ਹਾਂ ਕਿਹਾ ਕਿ "ਏਕ ਪੇੜ ਮਾਂ ਕੇ ਨਾਮ" ਵਰਗੀਆਂ ਪਹਿਲਕਦਮੀਆਂ ਨੇ ਹਰ ਸਾਲ ਲਗਭਗ ਇਕ ਲੱਖ 19 ਹਜ਼ਾਰ ਹੈਕਟੇਅਰ ਜੰਗਲਾਤ ਕਵਰ ਜੋੜਣ ਵਿੱਚ ਅਹਿਮ ਯੋਗਦਾਨ ਪਾਇਆ ਏ। ਕੇਂਦਰੀ ਵਾਤਾਵਰਣ, ਜੰਗਲਾਤ ਤੇ ਜਲਵਾਯੂ ਪਰਿਵਰਤਨ ਮੰਤਰੀ ਭੂਪੇਂਦਰ ਯਾਦਵ ਨੇ ਦੇਸ਼

ਵਾਸੀਆਂ ਨੂੰ ਜਲਵਾਯੂ ਅਤੇ ਭਵਿੱਖ ਲਈ ਕੁਦਰਤ ਤੋਂ ਪ੍ਰੇਰਣਾ ਲੈਂਦੇ ਰਹਿਣ ਦੇ ਆਪਣੇ ਸੰਕਲਪ ਨੂੰ ਦੁਹਰਾਉਣ ਦੀ ਅਪੀਲ ਕੀਤੀ ਏ।

--------------------------------------------------------

ਵਿਸ਼ਵ ਵਾਤਾਵਰਣ ਦਿਵਸ ਦੇ ਮੌਕੇ ‘ਤੇ ਅੱਜ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਲੋਕ ਭਵਨ ਵਿਚ ਬੂਟੇ ਲਾਉਣ ਦੀ ਮੁਹਿੰਮ ਦੀ ਅਗਵਾਈ ਕੀਤੀ। ਇਹ ਪਹਿਲ ਦੇਸ਼-ਵਿਆਪੀ ਮੁਹਿੰਮ “ਇੱਕ ਪੇੜ ਮਾਂ ਕੇ ਨਾਮ” ਤਹਿਤ ਕੀਤੀ ਗਈ ਏ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਕਟਾਰੀਆ ਨੇ ਕਿਹਾ ਕਿ ਵਾਤਾਵਰਣ ਦੀ ਸੁਰੱਖਿਆ ਸਾਂਝੀ ਜ਼ਿੰਮੇਵਾਰੀ ਏ ਅਤੇ ਉਨ੍ਹਾਂ ਨੇ ਨਾਗਰਿਕਾਂ, ਖ਼ਾਸਕਰ ਨੌਜਵਾਨ ਪੀੜ੍ਹੀ ਨੂੰ ਬੂਟੇ ਲਗਾਉਣ ਅਤੇ ਸੰਭਾਲ ਨਾਲ ਸਬੰਧਤ ਸਰਗਰਮੀਆਂ ਵਿੱਚ ਹਿੱਸੇਦਾਰੀ ਦਾ ਸੱਦਾ ਦਿੱਤਾ।

--------------------------------------------------------

ਪੰਜਾਬ ਰਾਜ ਮਹਿਲਾ ਕਮਿਸ਼ਨ ਨੇ ਲੁਧਿਆਣਾ ਵਿੱਚ 9 ਕੁੜੀਆਂ ਦੇ ਲਾਪਤਾ ਹੋਣ ਦੀਆਂ ਰਿਪੋਰਟਾਂ ਦਾ ਆਪਣੇ ਪੱਧਰ ਉੱਤੇ ਨੋਟਿਸ ਲਿਆ ਏ ਏ ਅਤੇ ਜਾਂਚ ਦੇ ਵੇਰਵੇ ਸਮੇਤ ਰਿਪੋਰਟ ਤਲਬ ਕੀਤੀ ਏ। ਚੇਅਰਪਰਸਨ ਰਾਜ ਲਾਲੀ ਗਿੱਲ ਦੀ ਅਗਵਾਈ ਵਾਲੇ ਕਮਿਸ਼ਨ ਨੇ ਇਕ

ਹੁਕਮ ਵਿੱਚ, ਲੁਧਿਆਣਾ ਪੁਲਿਸ ਨੂੰ 8 ਜੂਨ ਤੱਕ ਰਿਪੋਰਟ ਪੇਸ਼ ਕਰਨ ਲਈ ਕਿਹਾ ਏ।

----------------------------------------------------

ਅੰਮ੍ਰਿਤਸਰ-ਪਠਾਨਕੋਟ ਰਾਸ਼ਟਰੀ ਹਾਈਵੇ 'ਤੇ ਅੱਜ ਸਵੇਰੇ ਮਾਤਾ ਵੈਸ਼ਨੋ ਦੇਵੀ ਤੋਂ ਸ਼ਰਧਾਲੂਆਂ ਨੂੰ ਲੈ ਕੇ ਵਾਪਸ ਪਰਤ ਰਿਹਾ ਚਾਰ ਪਹੀਆ ਵਾਹਨ ਬਟਾਲਾ ਨੇੜੇ ਊਧੋਵਾਲ ਅੱਡੇ ਉੱਤੇ ਹਾਦਸਾਗ੍ਰਸਤ ਹੋ ਗਿਆ। ਗੁਰਦਾਸਪੁਰ ਤੋਂ ਸਾਡੇ ਪੱਤਰਕਾਰ ਨੇ ਦੱਸਿਆ ਕਿ ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਊਧੋਵਾਲ ਅੱਡੇ ਉੱਤੇ ਇਕ ਟਿਪਰ ਅਚਾਨਕ ਪੱਕੀ ਸੜਕ ਤੋਂ ਕੱਚੇ ਪਾਸੇ ਉਤਰ ਗਿਆ ਤੇ ਪਿੱਛੋਂ ਆ ਰਿਹਾ ਟੈਂਪੂ ਟ੍ਰੈਵਲਰ ਇਸ ਟਿਪਰ ਨਾਲ ਜਾ ਟਕਰਾਇਆ। ਹਾਦਸੇ ਦੌਰਾਨ 2 ਵਿਅਕਤੀਆਂ ਦੀ ਮੌਤ ਹੋ ਗਈ ਅਤੇ 14 ਸ਼ਰਧਾਲੂ ਜ਼ਖ਼ਮੀ ਹੋ ਗਏ ਨੇ। ਸਾਰੇ ਸ਼ਰਧਾਲੂ ਮਾਨਸਾ ਇਲਾਕੇ ਦੇ ਦੱਸੇ ਜਾ ਰਹੇ ਨੇ। -

----------------------------------------------------

ਪੰਜਾਬ ਪੁਲਿਸ ਨੇ ਇੱਕ ਦਿਨ ਪਹਿਲਾਂ ਵਿਦੇਸ਼ ਵਿਚ ਰਹਿੰਦੇ ਅੱਤਵਾਦੀ ਦੇ 2 ਸਾਥੀਆਂ ਨੂੰ ਗ੍ਰਿਫ਼ਤਾਰ ਕਰ ਕੇ ਉਨ੍ਹਾਂ ਕੋਲੋਂ ਲਗਭਗ ਢਾਈ ਕਿੱਲੋ ਆਰ.ਡੀ.ਐਕਸ.-ਅਧਾਰਿਤ ਆਈ.ਈ.ਡੀ. ਬਰਾਮਦ ਕੀਤੀ ਸੀ। ਇਸ ਤੋਂ ਬਾਅਦ ਅੱਜ 4 ਹੋਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਇਨ੍ਹਾਂ ਦੇ ਕਬਜ਼ੇ ਵਿੱਚੋਂ ਪੰਜ ਪਿਸਤੌਲ, ਇੱਕ ਕਿੱਲੋ ਤੋਂ ਵੱਧ ਹੈਰੋਇਨ ਅਤੇ ਨਸ਼ਾ

ਤਸਕਰੀ ਨਾਲ ਸਬੰਧਤ 5 ਲੱਖ ਰੁਪਏ ਦੀ ਨਗਦੀ ਬਰਾਮਦ ਕੀਤੀ ਗਈ ਏ। ਪੁਲਿਸ ਸੂਤਰਾਂ ਮੁਤਾਬਕ  ਇਨ੍ਹਾਂ ਚਾਰਾਂ ਵਿੱਚੋਂ ਇੱਕ ਮੁਲਜ਼ਮ ਅਫ਼ਗਾਨਿਸਤਾਨ ਦਾ ਨਾਗਰਿਕ ਏ। ਇਨ੍ਹਾਂ ਦੇ ਨਾਲ 2 ਨਾਬਾਲਿਗਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਏ। ਦੋਵੇਂ ਮਾਮਲੇ ਮੋਹਾਲੀ ਅਤੇ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ ਨਾਲ ਸਬੰਧਤ ਨੇ। ਇਸੇ ਦੌਰਾਨ, ਕੱਲ੍ਹ ਮੋਹਾਲੀ ਤੋਂ ਅੰਮ੍ਰਿਤਸਰ ਦੇ 3 ਨੌਜਵਾਨਾਂ ਕੋਲੋਂ ਬਰਾਮਦ ਕੀਤਾ ਆਰ.ਡੀ.ਐਕਸ. ਨਾਲ ਲੱਦਿਆ ਆਈ.ਈ.ਡੀ. ਸੂਬੇ ਦੇ ਬੰਬ ਨਿਰੋਧਕ ਦਸਤੇ ਨੇ ਨਕਾਰਾ ਕਰ ਦਿੱਤਾ ਏ। ਦੋਵੇਂ ਮਾਮਲਿਆਂ ਵਿੱਚ ਅਗਲੇਰੀ ਜਾਂਚ ਜਾਰੀ ਏ।

---------------------------------------------------------

ਪੰਜਾਬ ਦੇ ਸੰਯੁਕਤ ਡਾਇਰੈਕਟਰ ਖੇਤੀਬਾੜੀ ਡਾ. ਨਰਿੰਦਰ ਸਿੰਘ ਬੈਨੀਪਾਲ ਨੇ ਜ਼ਿਲ੍ਹਾ ਬਠਿੰਡਾ ਦਾ ਦੌਰਾ ਕੀਤਾ ਅਤੇ  ਮੁੱਖ ਖੇਤੀਬਾੜੀ ਅਫਸਰ ਬਠਿੰਡਾ ਤੋਂ ਇਲਾਵਾ ਬਲਾਕ ਖੇਤੀਬਾੜੀ ਅਫਸਰਾਂ, ਖੇਤੀਬਾੜੀ ਵਿਕਾਸ ਅਫਸਰਾਂ ਅਤੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਵਿਚ ਡਾ. ਬੈਨੀਪਾਲ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਲਈ ਕਿਸਾਨਾਂ ਨੂੰ ਪੰਜਾਬ ਸਰਕਾਰ ਵੱਲੋਂ 1500- ਰੁਪਏ ਪ੍ਰਤੀ ਏਕੜ ਹੌਸਲਾ ਅਫ਼ਜਾਈ ਰਾਸ਼ੀ ਦਿੱਤੀ ਜਾ ਰਹੀ ਹੈ, ਜਿਸ ਲਈ ਕਿਸਾਨਾਂ ਵੱਲੋਂ ਸਿੱਧੀ ਬਿਜਾਈ ਸਬੰਧੀ ਆਨਲਾਈਨ ਪੋਰਟਲ ਤੇ ਰਜਿਸਟ੍ਰੇਸ਼ਨ ਜ਼ਰੂਰੀ ਏ।  ਉਨ੍ਹਾਂ ਦੱਸਿਆ ਕਿ ਮੱਕੀ ਬੀਜਣ ਵਾਲੇ ਕਿਸਾਨਾਂ ਨੂੰ ਪੰਜਾਬ ਸਰਕਾਰ

ਵੱਲੋਂ 17,500/- ਰੁਪਏ ਪ੍ਰਤੀ ਹੈਕਟੇਅਰ ਹੌਸਲਾ ਅਫ਼ਜਾਈ ਰਾਸ਼ੀ ਦਿੱਤੀ ਜਾਵੇਗੀ। ਇਹ ਹੌਸਲਾ-ਵਧਾਊ ਰਕਮ ਸਿਰਫ਼ ਉਨ੍ਹਾਂ ਕਿਸਾਨਾਂ ਨੂੰ ਦਿੱਤੀ ਜਾਵੇਗੀ, ਜਿਨ੍ਹਾਂ ਨੇ ਝੋਨੇ ਦੇ ਬਦਲ ਵਜੋਂ ਮੱਕੀ ਦੀ ਕਾਸ਼ਤ ਕੀਤੀ ਹੋਵੇਗੀ।

---------------------------------------------------------------

ਪੰਜਾਬ ਦੇ ਖੁਰਾਕ ਕਮਿਸ਼ਨ ਬਾਲ ਮੁਕੰਦ ਸ਼ਰਮਾ ਨੇ ਅੱਜ ਵੱਖ-ਵੱਖ ਅਧਿਕਾਰੀਆਂ ਨਾਲ ਆਨਲਾਈਨ ਮੀਟਿੰਗ ਕੀਤੀ । ਮੀਟਿੰਗ ਦੌਰਾਨ ਸ੍ਰੀ ਸ਼ਰਮਾ ਨੇ ਕਿਹਾ ਕਿ ਆਂਗਣਵਾੜੀ ਸੈਂਟਰਾਂ ਅਤੇ ਸਕੂਲਾਂ ਵਿਚ ਮੌਸਮੀ ਸਬਜੀਆਂ ਲਗਾਈਆਂ ਜਾਣ, ਤਾਂ ਜੋ ਬੱਚਿਆਂ ਨੂੰ ਸਾਫ-ਸੁਥਰਾ ਭੋਜਨ ਮੁਹੱਈਆਂ ਕਰਵਾਇਆ ਜਾਵੇ। ਖੁਰਾਕ ਕਮਿਸ਼ਨਰ ਨੇ ਅੱਗੇ ਕਿਹਾ ਕਿ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਭੋਜਨ ਸੁਰੱਖਿਆ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

---------------------------------------------------------------

ਪੰਜਾਬ ਦੇ ਸੁਤੰਤਰਤਾ ਸੈਨਾਨੀ, ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕੱਲ੍ਹ ਜਲੰਧਰ ਦੇ ਭਾਰਗੋ ਕੈਂਪ ਵਿਚ ਰਾਸ਼ਨ ਡੀਪੂਆਂ ਤੋਂ ਲੋੜਵੰਦ ਪਰਿਵਾਰਾਂ ਨੂੰ 'ਮੇਰੀ ਰਸੋਈ' ਯੋਜਨਾ ਤਹਿਤ ਰਾਸ਼ਨ ਕਿੱਟਾਂ ਵੰਡੀਆਂ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ

ਲੋੜਵੰਦ ਪਰਿਵਾਰਾਂ ਨੂੰ ਹਰ 3 ਮਹੀਨਿਆਂ ਬਾਅਦ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਜਾਣਗੀਆਂ।

---------------------------------------------------------